ਰੋਜ਼ਾਨਾ ਸਪੋਕਸਮੈਨ ਬੁਧਵਾਰ, 25 ਸਤੰਬਰ 2024

# ਖ਼ਾਲਸਾ ਗਰਲਜ਼ ਕਾਲਜ 'ਚ ਐਨ.ਐਸ.ਐਸ. ਵਿਭਾਗ ਨੇ ਸਥਾਪਨਾ ਦਿਵਸ ਮਨਾਇਆ



ਮੋਰਿੰਡਾ, 24 ਸਤੰਬਰ (ਮੋਹਨ ਸਿੰਘ ਅਰੋੜਾ) : ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਗਰਲਜ਼ ਕਾਲਜ ਮੋਰਿੰਡਾ ਵਿਖੇ ਪ੍ਰਿੰ. ਡਾ. ਪੁਸ਼ਪਿੰਦਰ ਕੌਰ ਦੀ ਅਗਵਾਈ ਹੇਠ ਐੱਨ.ਐੱਸ.ਐੱਸ. ਵਿਭਾਗ ਅਤੇ ਰੈੱਡ ਰਿਬਨ ਕਲੱਬ ਵਲੋਂ ਮਿਊਂਸੀਪਲ ਕਾਰਪੋਰੇਸ਼ਨ ਮੋਰਿੰਡਾ ਦੇ ਸਹਿਯੋਗ ਨਾਲ ਐੱਨ.ਐੱਸ.ਐੱਸ. ਸਥਾਪਨਾ ਦਿਵਸ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੋਗਰਾਮ ਅਫਸਰ ਪ੍ਰੋ. ਨਵਜੋਤ ਕੌਰ ਨੇ ਦਸਿਆ ਕਿ ਇਸ ਮੌਕੇ ਸਵੱਛਤਾ ਮੁਹਿੰਮ ਚਲਾਈ ਗਈ। ਜਿਸ 'ਚ ਵਲੰਟੀਅਰਜ਼ ਵਲੋਂ ਪਿੰਡ ਢੋਲਣਮਾਜਰਾ 'ਚ ਇਕ ਸਵੱਛਤਾ ਜਾਗਰੂਕ ਰੈਲੀ ਦਾ ਆਯੋਜਨ ਕੀਤਾ ਗਿਆ ਤੇ ਪਿੰਡ ਵਾਸੀਆਂ ਨੂੰ ਸਫਾਈ ਪ੍ਰਤੀ ਜਾਗਰੂਕ ਕੀਤਾ। ਪ੍ਰੋਗਰਾਮ ਕੋਆਰਡੀਨੇਟਰ ਮਨਜੀਤ ਸਿੰਘ ਨੇ ਵਲੰਟੀਅਰਜ਼ ਨੂੰ ਆਰਗੈਨਿਕ ਖਾਦ ਦੇ ਮਹੱਤਵ ਬਾਰੇ ਦੱਸਿਆ। ਇਸ ਮੌਕੇ ਪ੍ਰੋ. ਦਿਵਿਆ ਸ਼ਰਮਾ, ਲਵਪ੍ਰੀਤ ਕੌਰ ਆਦਿ ਮੌਜੂਦ ਸਨ।